ਮਾਰੂ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ ॥ ਅਠਸਠਿ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ ॥ ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ ॥੧॥ ਤੂ ਅਜਰਾਵਰੁ ਅਮਰੁ ਤੂ ਸਭ ਚਾਲਣਹਾਰੀ ॥ ਨਾਮੁ ਰਸਾਇਣੁ ਭਾਇ ਲੈ ਪਰਹਰਿ ਦੁਖੁ ਭਾਰੀ ॥੧॥ ਰਹਾਉ ॥ ਹਰਿ ਪੜੀਐ ਹਰਿ ਬੁਝੀਐ ਗੁਰਮਤੀ ਨਾਮਿ ਉਧਾਰਾ ॥ ਗੁਰਿ ਪੂਰੈ ਪੂਰੀ ਮਤਿ ਹੈ ਪੂਰੈ ਸਬਦਿ ਬੀਚਾਰਾ ॥ ਅਠਸਠਿ ਤੀਰਥ ਹਰਿ ਨਾਮੁ ਹੈ ਕਿਲਵਿਖ ਕਾਟਣਹਾਰਾ ॥੨॥ ਜਲੁ ਬਿਲੋਵੈ ਜਲੁ ਮਥੈ ਤਤੁ ਲੋੜੈ ਅੰਧੁ ਅਗਿਆਨਾ ॥ ਗੁਰਮਤੀ ਦਧਿ ਮਥੀਐ ਅੰਮ੍ਰਿਤੁ ਪਾਈਐ ਨਾਮੁ ਨਿਧਾਨਾ ॥ ਮਨਮੁਖ ਤਤੁ ਨ ਜਾਣਨੀ ਪਸੂ ਮਾਹਿ ਸਮਾਨਾ ॥ ੩॥ ਹਉਮੈ ਮੇਰਾ ਮਰੀ ਮਰੁ ਮਰਿ ਜੰਮੈ ਵਾਰੋ ਵਾਰ ॥ ਗੁਰ ਕੈ ਸਬਦੇ ਜੇ ਮਰੈ ਫਿਰਿ ਮਰੈ ਨ ਦੂਜੀ ਵਾਰ ॥ ਗੁਰਮਤੀ ਜਗਜੀਵਨੁ ਮਨਿ ਵਸੈ ਸਭਿ ਕੁਲ ਉਧਾਰਣਹਾਰ ॥ ੪॥ ਸਚਾ ਵਖਰੁ ਨਾਮੁ ਹੈ ਸਚਾ ਵਾਪਾਰਾ ॥ ਲਾਹਾ ਨਾਮੁ ਸੰਸਾਰਿ ਹੈ ਗੁਰਮਤੀ ਵੀਚਾਰਾ ॥ ਦੂਜੈ ਭਾਇ ਕਾਰ ਕਮਾਵਣੀ ਨਿਤ ਤੋਟਾ ਸੈਸਾਰਾ ॥ ੫॥ ਸਾਚੀ ਸੰਗਤਿ ਥਾਨੁ ਸਚੁ ਸਚੇ ਘਰ ਬਾਰਾ ॥ ਸਚਾ ਭੋਜਨੁ ਭਾਉ ਸਚੁ ਸਚੁ ਨਾਮੁ ਅਧਾਰਾ ॥ ਸਚੀ ਬਾਣੀ ਸੰਤੋਖਿਆ ਸਚਾ ਸਬਦੁ ਵੀਚਾਰਾ ॥੬॥ ਰਸ ਭੋਗਣ ਪਾਤਿਸਾਹੀਆ ਦੁਖ ਸੁਖ ਸੰਘਾਰਾ ॥ ਮੋਟਾ ਨਾਉ ਧਰਾਈਐ ਗਲਿ ਅਉਗਣ ਭਾਰਾ ॥ ਮਾਣਸ ਦਾਤਿ ਨ ਹੋਵਈ ਤੂ ਦਾਤਾ ਸਾਰਾ ॥੭॥ ਅਗਮ ਅਗੋਚਰੁ ਤੂ ਧਣੀ ਅਵਿਗਤੁ ਅਪਾਰਾ ॥ ਗੁਰ ਸਬਦੀ ਦਰੁ ਜੋਈਐ ਮੁਕਤੇ ਭੰਡਾਰਾ ॥ ਨਾਨਕ ਮੇਲੁ ਨ ਚੂਕਈ ਸਾਚੇ ਵਾਪਾਰਾ ॥੮॥੧॥ {ਪੰਨਾ 1008-1009}

ਪਦਅਰਥ:- ਕਥੇ—ਕਥਿ, ਕਥ ਕੇ, ਸੁਣਾ ਕੇ। ਸੁਣੇ—ਸੁਣਿ, ਸੁਣ ਕੇ। ਹਾਰੇ—ਥੱਕ ਗਏ। ਅਠਸਠਿ—ਅਠਾਹਠ। ਘਣਾ—ਬਹੁਤੇ। ਭ੍ਰਮਿ—ਭੌਂ ਕੇ। ਭੇਖਾ—ਕਈ ਭੇਖਾਂ ਦੇ ਸਾਧੂ। ਸਾਚੋ—ਸਦਾ-ਥਿਰ ਰਹਿਣ ਵਾਲਾ। ਮਨਿ—ਮਨ ਦੀ ਰਾਹੀਂ। ਏਕਾ—ਕੇਵਲ, ਸਿਰਫ਼।1।

ਅਜਰਾਵਰੁ—{ਅਜਰ ਅਵਰ}। ਅਜਰ—ਕਦੇ ਬੁੱਢਾ ਨਾਹ ਹੋਣ ਵਾਲਾ। ਅਵਰੁ—{AÄXNq œyÕT} ਅੱਤ ਸ੍ਰੇਸ਼ਟ। ਰਸਾਇਣ—{ਰਸ ਅਯਨੁ} ਰਸਾਂ ਦਾ ਘਰ, ਰਸਾਂ ਦਾ ਸੋਮਾ। ਭਾਇ—ਪ੍ਰੇਮ ਨਾਲ। ਪਰਹਰਿ—ਪਰਹਰੇ, ਦੂਰ ਕਰ ਲੈਂਦਾ ਹੈ।1। ਰਹਾਉ।

ਨਾਮਿ—ਨਾਮ ਦੀ ਰਾਹੀਂ। ਉਧਾਰਾ—(ਪਾਪਾਂ ਤੋਂ) ਬਚਾਉ। ਗੁਰਿ—ਗੁਰਿ ਦੀ ਰਾਹੀਂ। ਸਬਦਿ—ਸ਼ਬਦ ਦੀ ਰਾਹੀਂ। ਬੀਚਾਰਾ—ਸ੍ਰੇਸ਼ਟ ਵਿਚਾਰ। ਕਿਲਵਿਖ—ਪਾਪ।2।

ਬਿਲੋਵੈ—ਰਿੜਕਦਾ ਹੈ। ਮਥੈ—ਮਥਦਾ ਹੈ। ਤਤੁ—ਮੱਖਣ, ਸ੍ਰੇਸ਼ਟ ਵਸਤ। ਅੰਧੁ—ਅੰਨ੍ਹਾ ਮਨੁੱਖ। ਦਧਿ—ਦਹੀਂ। ਮਥੀਐ—ਰਿੜਕੀਏ। ਨਿਧਾਨਾ—ਖ਼ਜ਼ਾਨਾ (ਸਭ ਪਦਾਰਥਾਂ ਦਾ)। ਜਾਣਨੀ—ਜਾਣਨਿ, ਜਾਣਦੇ ਹਨ। ਪਸੂ—ਪਸ਼ੂ-ਸੁਭਾਵ।3।

ਮਰੀ—(ਆਤਮਕ) ਮੌਤ। ਮਰੁ—ਮੌਤ। ਵਾਰੋ ਵਾਰ—ਮੁੜ ਮੁੜ। ਸਬਦੇ—ਸ਼ਬਦ ਦੀ ਰਾਹੀਂ। ਮਰੈ—(ਆਪਾ-ਭਾਵ ਵਲੋਂ) ਮਰਦਾ ਹੈ। ਨ ਮਰੈ—'ਹਉਮੈ' ਦੀ ਮੌਤ ਨਹੀਂ ਮਰਦਾ। ਜਗਜੀਵਨੁ—ਜਗਤ ਦਾ ਜੀਵਨ ਪ੍ਰਭੂ। ਮਨਿ—(ਜਿਸ ਦੇ) ਮਨ ਵਿਚ। ਸਭਿ—ਸਾਰੇ।4।

ਸਚਾ—ਸਦਾ-ਥਿਰ ਰਹਿਣ ਵਾਲਾ। ਲਾਹਾ—ਖੱਟੀ। ਸੰਸਾਰਿ—ਸੰਸਾਰ ਵਿਚ। ਵੀਚਾਰਾ—ਸੂਝ। ਦੂਜੈ ਭਾਇ—ਪ੍ਰਭੂ ਤੋਂ ਬਿਨਾ ਕਿਸੇ ਹੋਰ ਪ੍ਰੇਮ ਵਿਚ। ਤੋਟਾ—ਘਾਟਾ (ਆਤਮਕ ਜੀਵਨ ਵਿਚ)।5।

ਸਚੀ—ਸਦਾ ਇਕ-ਰਸ ਰਹਿਣ ਵਾਲੀ, ਉਕਾਈ ਨ ਖਾਣ ਵਾਲੀ। ਭਾਉ—ਪ੍ਰੇਮ। ਆਧਾਰਾ—ਆਸਰਾ। ਬਾਣੀ—ਬਾਣੀ ਦੀ ਰਾਹੀਂ। ਸੰਤੋਖਿਆ—(ਜੋ ਮਨੁੱਖ ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖੀ ਹੋ ਜਾਂਦਾ ਹੈ।6।

ਸੰਘਾਰਾ—ਵਿਆਪਦੇ ਹਨ। ਮੋਟਾ—ਵੱਡਾ। ਗਲਿ—ਗਲ ਵਿਚ। ਸਾਰਾ—ਸ੍ਰੇਸ਼ਟ।7।

ਅਗਮ—ਅਪਹੁੰਚ। ਅਗੋਚਰੁ—ਅ-ਗੋ-ਚਰੁ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ। ਧਣੀ—ਮਾਲਕ। ਅਵਿਗਤੁ—{AÒXÙØ} ਅਦ੍ਰਿਸ਼ਟ। ਅਪਾਰਾ—ਅਪਾਰ, ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ। ਦਰੁ—ਦਰਵਾਜ਼ਾ। ਜੋਈਐ—ਢੂੰਢੀਏ। ਮੁਕਤੇ—ਵਿਕਾਰਾਂ ਤੋਂ ਖ਼ਲਾਸੀ। ਚੂਕਈ—ਮੁੱਕਦਾ।8।

ਅਰਥ:- ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਨਾਸਵੰਤ ਹੈ। (ਪਰ) ਤੂੰ ਕਦੇ ਬੁੱਢਾ ਨਹੀਂ ਹੁੰਦਾ, ਤੂੰ ਅੱਤ ਸ੍ਰੇਸ਼ਟ ਹੈਂ, ਤੂੰ ਮੌਤ ਤੋਂ ਰਹਿਤ ਹੈਂ। ਤੇਰਾ ਨਾਮ ਸਾਰੇ ਰਸਾਂ ਦਾ ਸੋਮਾ ਹੈ। ਜੇਹੜਾ ਜੀਵ (ਤੇਰਾ ਨਾਮ) ਪ੍ਰੇਮ ਨਾਲ ਜਪਦਾ ਹੈ, ਉਹ ਆਪਣਾ ਵੱਡੇ ਤੋਂ ਵੱਡਾ ਦੁੱਖ ਦੂਰ ਕਰ ਲੈਂਦਾ ਹੈ।1। ਰਹਾਉ।

ਅਨੇਕਾਂ ਰਿਸ਼ੀ ਮੁਨੀ (ਮੋਨਧਾਰੀ) ਵੇਦ ਪੁਰਾਣ (ਆਦਿਕ ਧਰਮ ਪੁਸਤਕਾਂ) ਸੁਣਾ ਸੁਣਾ ਕੇ ਸੁਣ ਸੁਣ ਕੇ ਥੱਕ ਗਏ, ਸਭ ਭੇਖਾਂ ਦੇ ਅਨੇਕਾਂ ਸਾਧੂ ਅਠਾਹਠ ਤੀਰਥਾਂ ਤੇ ਭੌਂ ਭੌਂ ਕੇ ਥੱਕ ਗਏ (ਪਰੰਤੂ ਪਰਮਾਤਮਾ ਨੂੰ ਪ੍ਰਸੰਨ ਨਾਹ ਕਰ ਸਕੇ)। ਉਹ ਸਦਾ-ਥਿਰ ਰਹਿਣ ਵਾਲਾ ਪਵਿਤ੍ਰ ਮਾਲਕ ਸਿਰਫ਼ ਮਨ (ਦੀ ਪਵਿਤ੍ਰਤਾ) ਦੀ ਰਾਹੀਂ ਪਤੀਜਦਾ ਹੈ।1।

(ਹੇ ਭਾਈ!) ਪਰਮਾਤਮਾ ਦਾ ਨਾਮ (ਹੀ) ਪੜ੍ਹਨਾ ਚਾਹੀਦਾ ਹੈ ਨਾਮ ਹੀ ਸਮਝਣਾ ਚਾਹੀਦਾ ਹੈ, ਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦੇ ਨਾਮ ਦੀ ਰਾਹੀਂ ਹੀ (ਪਾਪਾਂ ਤੋਂ) ਬਚਾਉ ਹੁੰਦਾ ਹੈ। ਇਹ ਪੂਰੀ ਮਤਿ ਤੇ ਸ੍ਰੇਸ਼ਟ ਵਿਚਾਰ ਪੂਰੇ ਗੁਰੂ ਦੀ ਰਾਹੀਂ ਪੂਰੇ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਮਿਲਦੀ ਹੈ ਕਿ ਪਰਮਾਤਮਾ ਦਾ ਨਾਮ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ, ਤੇ ਸਾਰੇ ਪਾਪ ਨਾਸ ਕਰਨ ਦੇ ਸਮਰੱਥ ਹੈ।2।

ਜੇਹੜਾ ਮਨੁੱਖ ਪਾਣੀ ਰਿੜਕਦਾ ਹੈ, (ਸਦਾ) ਪਾਣੀ (ਹੀ) ਰਿੜਕਦਾ ਹੈ ਪਰ ਮੱਖਣ ਹਾਸਲ ਕਰਨਾ ਚਾਹੁੰਦਾ ਹੈ, ਉਹ (ਅਕਲੋਂ) ਅੰਨ੍ਹਾ ਹੈ ਉਹ ਅਗਿਆਨੀ ਹੈ। ਜੇ ਦਹੀਂ ਰਿੜਕੀਏ ਤਾਂ ਮੱਖਣ ਲੱਭਦਾ ਹੈ (ਇਸੇ ਤਰ੍ਹਾਂ) ਜੇ ਗੁਰੂ ਦੀ ਮਤਿ ਲਈਏ ਤਾਂ ਪ੍ਰਭੂ ਦਾ ਨਾਮ ਮਿਲਦਾ ਹੈ ਜੋ (ਸਾਰੇ ਸੁਖਾਂ ਦਾ) ਖ਼ਜ਼ਾਨਾ ਹੈ। ਪਰ ਆਪਣੇ ਮਨ ਦੇ ਪਿੱਛੇ ਹਰਨ ਵਾਲੇ ਮਨੁੱਖ ਇਸ ਭੇਤ ਨੂੰ ਨਹੀਂ ਸਮਝਦੇ, ਉਹ ਪਸ਼ੂ-ਬ੍ਰਿਤੀ ਵਿਚ ਟਿਕੇ ਰਹਿੰਦੇ ਹਨ।3।

ਹਉਮੈ ਤੇ ਮਮਤਾ ਨਿਰੀ ਆਤਮਕ ਮੌਤ ਹੈ, ਇਸ ਆਤਮਕ ਮੌਤੇ ਮਰ ਕੇ ਜੀਵ ਮੁੜ ਮੁੜ ਜੰਮਦਾ ਮਰਦਾ ਹੈ। ਜੋ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਇਸ ਹਉਮੈ ਤੇ ਮਮਤਾ ਵਲੋਂ) ਸਦਾ ਲਈ ਤਰਕ ਕਰ ਲਏ ਤਾਂ ਉਹ ਮੁੜ ਕਦੇ ਆਤਮਕ ਮੌਤ ਨਹੀਂ ਸਹੇੜਦਾ। ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਮਨ ਵਿਚ ਜਗਤ ਦਾ ਜੀਵਨ ਪਰਮਾਤਮਾ ਵੱਸ ਪੈਂਦਾ ਹੈ (ਆਪ ਤਾਂ ਤਰਦਾ ਹੀ ਹੈ) ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਆਤਮਕ ਮੌਤ ਤੋਂ ਬਚਾ ਲੈਂਦਾ ਹੈ।4।

(ਜੀਵ-ਵਣਜਾਰਾ ਜਗਤ-ਹੱਟ ਵਿਚ ਵਪਾਰ ਕਰਨ ਆਇਆ ਹੈ) ਸਦਾ ਕਾਇਮ ਰਹਿਣ ਵਾਲਾ (ਕਦੇ ਨਾਸ ਨਾਹ ਹੋਣ ਵਾਲਾ) ਸੌਦਾ ਪਰਮਾਤਮਾ ਦਾ ਨਾਮ (ਹੀ) ਹੈ, ਇਹੀ ਐਸਾ ਵਪਾਰ ਹੈ ਜੋ ਸਦਾ-ਥਿਰ ਰਹਿੰਦਾ ਹੈ। ਜਿਸ ਮਨੁੱਖ ਨੂੰ ਗੁਰੂ ਦੀ ਮਤਿ ਲੈ ਕੇ ਇਹ ਸੂਝ ਆ ਜਾਂਦੀ ਹੈ ਉਹ ਜਗਤ (-ਹੱਟ) ਵਿਚ ਨਾਮ (ਦੀ) ਖੱਟੀ ਖੱਟਦਾ ਹੈ। ਪਰ ਜੇ ਮਾਇਆ ਦੇ ਪਿਆਰ ਵਿਚ ਹੀ (ਸਦਾ) ਕਿਰਤ-ਕਾਰ ਕੀਤੀ ਜਾਏ, ਤਾਂ ਸੰਸਾਰ ਵਿਚ (ਆਤਮਕ ਜੀਵਨ ਦੀ ਪੂੰਜੀ ਨੂੰ) ਘਾਟਾ ਹੀ ਘਾਟਾ ਪੈਂਦਾ ਹੈ।5।

ਜੇਹੜਾ ਮਨੁੱਖ ਸਦਾ-ਥਿਰ ਬਾਣੀ ਦੀ ਰਾਹੀਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖੀ ਹੋ ਜਾਂਦਾ ਹੈ, ਜੇਹੜਾ ਗੁਰੂ ਦੇ ਸ਼ਬਦ ਨੂੰ ਆਪਣੀ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ, ਪਰਮਾਤਮਾ ਦਾ ਸਦਾ-ਥਿਰ ਨਾਮ ਪਰਮਾਤਮਾ ਦਾ ਸਦਾ-ਥਿਰ ਪ੍ਰੇਮ ਉਸ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦਾ ਹੈ ਉਸ ਦੇ ਆਤਮਕ ਜੀਵਨ ਦੀ ਸਦਾ-ਟਿਕਵੀਂ ਖ਼ੁਰਾਕ ਬਣ ਜਾਂਦਾ ਹੈ। ਉਸ ਦੀ ਸੰਗਤਿ ਪਵਿਤ੍ਰ, ਉਸ ਦਾ ਰਿਹੈਸ਼ੀ ਥਾਂ ਪਵਿਤ੍ਰ, ਉਸ ਦੇ ਘਰ ਬਾਰ ਪਵਿਤ੍ਰ ਹਨ।6।

ਪਰ ਦੁਨੀਆ ਦੇ ਰਸ ਮਾਣਨ ਨਾਲ, ਦੁਨੀਆ ਦੀਆਂ ਪਾਤਿਸ਼ਾਹੀਆਂ ਨਾਲ (ਮਨੁੱਖ ਨੂੰ) ਦੁਖ ਸੁਖ ਵਿਆਪਦੇ ਰਹਿੰਦੇ ਹਨ। ਜੇ (ਦੁਨੀਆ ਦੇ ਵਡੱਪਣ ਦੇ ਕਾਰਨ ਆਪਣਾ) ਵੱਡਾ ਨਾਮ ਭੀ ਰਖਾ ਲਈਏ, ਤਾਂ ਭੀ ਸਗੋਂ ਗਲ ਵਿਚ ਔਗੁਣਾਂ ਦੇ ਭਾਰ ਬੱਝ ਪੈਂਦੇ ਹਨ (ਜਿਨ੍ਹਾਂ ਕਰਕੇ ਮਨੁੱਖ ਸੰਸਾਰ-ਸਮੁੰਦਰ ਵਿਚ ਡੁੱਬਦਾ ਹੀ ਹੈ)।

ਹੇ ਪ੍ਰਭੂ! ਤੂੰ ਵੱਡਾ ਦਾਤਾ ਹੈਂ (ਸਭ ਦਾਤਾਂ ਦੇਂਦਾ ਹੈਂ), ਪਰ ਤੇਰੀਆਂ (ਮਾਇਕ) ਦਾਤਾਂ ਨਾਲ ਮਨੁੱਖਾਂ ਦੀ (ਮਾਇਆ ਵਲੋਂ) ਤ੍ਰਿਪਤੀ ਨਹੀਂ ਹੁੰਦੀ।7।

ਹੇ ਪ੍ਰਭੂ! ਤੂੰ ਅਗਮ ਹੈਂ, ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ, ਤੂੰ ਸਭ ਪਦਾਰਥਾਂ ਦਾ ਮਾਲਕ ਹੈਂ, ਤੂੰ ਅਦ੍ਰਿਸ਼ਟ ਹੈਂ, ਤੂੰ ਬੇਅੰਤ ਹੈਂ। ਜੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰਾ ਦਰਵਾਜ਼ਾ ਭਾਲੀਏ ਤਾਂ (ਤੇਰੇ ਦਰ ਤੋਂ ਨਾਮ ਦਾ ਉਹ) ਖ਼ਜ਼ਾਨਾ ਮਿਲਦਾ ਹੈ ਜੋ (ਮਾਇਆ ਦੇ ਮੋਹ ਵਲੋਂ) ਖ਼ਲਾਸੀ ਦੇਂਦਾ ਹੈ।

ਹੇ ਨਾਨਕ! (ਨਾਮ ਦਾ ਵਪਾਰ) ਸਦਾ-ਥਿਰ ਰਹਿਣ ਵਾਲਾ ਵਪਾਰ ਹੈ (ਇਸ ਵਪਾਰ ਦੀ ਬਰਕਤਿ ਨਾਲ ਜੀਵ-ਵਣਜਾਰੇ ਦਾ ਪਰਮਾਤਮਾ-ਸ਼ਾਹ ਨਾਲੋਂ ਕਦੇ) ਮਿਲਾਪ ਮੁੱਕਦਾ ਨਹੀਂ।8।2।